# ਅਰੁਣਾਚਲ ਪ੍ਰਦੇਸ਼ ਬਾਰੇ ਚੀਨੀ ਰੱਖਿਆ ਮੰਤਰਾਲੇ ਦੇ ਬੁਲਾਰੇ ਵੱਲੋਂ ਕੀਤੀਆਂ ਗਈਆਂ ਟਿੱਪਣੀਆਂ 'ਤੇ ਮੀਡੀਆ ਦੇ ਸਵਾਲਾਂ ਦਾ ਸਰਕਾਰੀ ਬੁਲਾਰੇ ਵਲੋਂ ਜਵਾਬ

ਮਾਰਚ 19, 2024

**ਅਰੁਣਾਚਲ ਪ੍ਰਦੇਸ਼ ਦੇ ਸੰਬੰਧ ਵਿੱਚ ਚੀਨੀ ਰੱਖਿਆ ਮੰਤਰਾਲੇ ਦੇ ਬੁਲਾਰੇ ਦੁਆਰਾ ਕੀਤੀਆਂ ਗਈਆਂ ਟਿੱਪਣੀਆਂ 'ਤੇ ਮੀਡੀਆ ਦੇ ਸਵਾਲਾਂ ਦੇ ਜਵਾਬ ਵਿੱਚ, ਸਰਕਾਰੀ ਬੁਲਾਰੇ, ਸ਼੍ਰੀ ਰਣਧੀਰ ਜੈਸਵਾਲ ਨੇ ਕਿਹਾ:**
"ਅਸੀਂ, ਚੀਨੀ ਰੱਖਿਆ ਮੰਤਰਾਲੇ ਦੇ ਬੁਲਾਰੇ ਦੁਆਰਾ ਭਾਰਤੀ ਰਾਜ ਅਰੁਣਾਚਲ ਪ੍ਰਦੇਸ਼ ਦੇ ਖੇਤਰ 'ਤੇ ਬੇਤੁਕੇ ਦਾਅਵਿਆਂ ਨੂੰ ਅੱਗੇ ਵਧਾਉਣ ਲਈ ਕੀਤੀਆਂ ਗਈਆਂ ਟਿੱਪਣੀਆਂ ਨੂੰ ਨੋਟ ਕੀਤਾ ਹੈ। ਇਸ ਸੰਬੰਧ ਵਿੱਚ ਬੇਬੁਨਿਆਦ ਦਲੀਲਾਂ ਨੂੰ ਦੁਹਰਾਉਣਾ ਅਜਿਹੇ ਦਾਅਵਿਆਂ ਨੂੰ ਸਾਬਿਤ ਨਹੀਂ ਕਰਦਾ ਹੈ। ਅਰੁਣਾਚਲ ਪ੍ਰਦੇਸ਼ ਭਾਰਤ ਦਾ ਅਨਿੱਖੜਵਾਂ ਅਤੇ ਅਟੁੱਟ ਹਿੱਸਾ ਸੀ, ਹੈ ਅਤੇ ਰਹੇਗਾ। ਇਸ ਦੇ ਲੋਕ ਸਾਡੀਆਂ ਵਿਕਾਸ ਯੋਜਨਾਵਾਂ ਅਤੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਤੋਂ ਲਾਭ ਪ੍ਰਾਪਤ ਕਰਦੇ ਰਹਿਣਗੇ।"

**ਨਵੀਂ ਦਿੱਲੀ**

**ਮਾਰਚ 19, 2024**